# ਜਗਰਾਉਂ ਪੁਲਿਸ ਨੇ ਸਕੂਲਾਂ ਅਤੇ ਕਾਲਜਾਂ ਦੇ ਪ੍ਰਿੰਸੀਪਲਾਂ ਨਾਲ ਟ੍ਰੈਫ਼ਿਕ ਨਿਯਮਾਂ ਦੇ ਸਬੰਧ 'ਚ ਕੀਤੀ ਮੀਟਿੰਗ

**ਜਗਰਾਉਂ, 25 ਨਵੰਬਰ (ਪਰਮਜੀਤ ਸਿੰਘ ਗਰੇਵਾਲ):** ਪੁਲਿਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐੱਸਐੱਸਪੀ ਰਾਜਬਚਨ ਸਿੰਘ ਸੰਧੂ ਵੱਲੋਂ ਸ਼ਹਿਰ ਅੰਦਰ ਟਰੈਫਿਕ ਦੀ ਵਿਵਸਥਾ ਨੂੰ ਲੈ ਕੇ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਹਨ । ਇਸ ਦੇ ਸਬੰਧ ਵਿੱਚ ਡੀਐੱਸਪੀ ਟ੍ਰੈਫਿਕ ਗੁਰਬਿੰਦਰ ਸਿੰਘ ਵਲੋਂ ਇਕ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਇਸ ਮੁਹਿੰਮ ਦੇ ਤਹਿਤ ਉਨ੍ਹਾਂ ਵੱਲੋਂ ਸ਼ਹਿਰ ਦੇ ਅੰਦਰ ਅਤੇ ਆਸ ਪਾਸ ਦੇ ਸਕੂਲਾਂ ਅਤੇ ਕਾਲਜਾਂ ਦੇ ਮੁੱਖ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨਾਲ ਮੀਟਿੰਗ ਕੀਤੀ ਗਈ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਜਾਗਰੂਕ ਕੀਤਾ ਅਤੇ ਟ੍ਰੈਫਿਕ ਨਿਯਮਾਂ ਸਬੰਧੀ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਹਰ ਮਹੀਨੇ ਬੱਚਿਆਂ ਤੇ ਮਾਪਿਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਜਾਣੂ ਕਰਵਾਇਆ ਜਾਵੇ ਕਿ ਜਿਹੜੇ ਬੱਚੇ 18 ਸਾਲ ਤੋਂ ਘੱਟ ਉਮਰ ਦੇ ਹਨ ਉਹ ਗੇਅਰ ਵਾਲੇ ਵਹੀਕਲ ਉੱਪਰ ਸਕੂਲ/ ਕਾਲਜ ਨਾ ਆਉਣ ਜੇਕਰ ਬੱਚੇ ਦੀ ਉਮਰ 18 ਸਾਲ ਤੋਂ ਜ਼ਿਆਦਾ ਹੈ ਤਾਂ ਉਸ ਪਾਸ



ਡਰਾਈਵਿੰਗ ਲਾਇਸੰਸ ਹੋਣਾ ਬਹੁਤ ਜ਼ਰੂਰੀ ਹੈ । ਜਿਹੜੇ ਬੱਚੇ ਟ੍ਰਿਪਲ ਸਵਾਰੀ ਰਾਹੀਂ ਸਕੂਲ/ਕਾਲਜ ਆਉਂਦੇ ਹਨ ਉਨ੍ਹਾਂ ਨੂੰ ਰੋਕਿਆ ਜਾਵੇ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ ।

ਇਸ ਮੌਕੇ ਉਨ੍ਹਾਂ ਵੱਲੋਂ ਸਕੂਲ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ ਕਈ ਸਕੂਲ/ਕਾਲਜ ਅੰਦਰ ਇਕ-- ਇਕ ਵੱਖਰਾ ਕਮਰਾ ਤਿਆਰ ਕਰ ਕੇ ਉਸ ਵਿਚ ਟਰੈਫਿਕ ਚਿੰਨ੍ਹ ਲਗਾ ਕੇ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਦੀ ਜਾਣਕਾਰੀ ਲਈ ਇੱਕ ਪੀਰੀਅਡ ਲਗਾਇਆ ਜਾਵੇ ਤਾਂ ਜੋ ਸੜਕ ਹਾਦਸਿਆਂ ਤੋਂ ਬਚਿਆ ਜਾ ਸਕੇ ਅਤੇ ਸੜ ਹਾਦਸਿਆਂ ਤੋਂ ਬਚਣ ਲਈ ਇੰਚਾਰਜ ਟ੍ਰੇਨਿੰਗ ਸਕੂਲ ਐੱਸ ਆਈ ਰੁਪਿੰਦਰ ਕੌਰ ਅਤੇ ਟ੍ਰੈਫਿਕ ਸਟਾਫ ਵੱਲੋਂ ਵੱਖ ਵੱਖ ਸਕੂਲਾਂ /ਕਾਲਜਾਂ ਵਿੱਚ ਜਾ ਕੇ ਬੱਚਿਆਂ ਨੂੰ ਵੱਖਰੇ ਤੌਰ ਤੇ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਜਾਇਆ ਕਰੇਗਾ।